# ਦਫਤਰ ਜਿਲ੍ਹਾ ਮੈਜਿਸਟਰੇਟ, ਪਠਾਨਕੋਟ

(ਫੁਟਕਲ ਸ਼ਾਖਾ)

ਹੁਕਮ ਨੰ: 2816

## ਹੁਕਮ

ਕਰੋਨਾ ਵਾਇਰਸ ਦੇ ਸੰਕਰਮਣ ਦੀ ਲੜੀ ਤੋੜਣ ਲਈ ਨਿਮਨਹਸਤਾਖਰ ਵਲੋਂ ਸੀ.ਆਰ.ਪੀ.ਸੀ 1973 ਦੀ ਧਾਰਾ 144 ਅਧੀਨ ਜਿਲ੍ਹਾ ਪਠਾਨਕੋਟ ਅੰਦਰ ਹੁਕਮ ਨੰ: ਐਮ.ਏ/ 1710-57, ਮਿਤੀ 23 ਮਾਰਚ, 2020 ਰਾਹੀਂ ਕਰਫਿਊ ਦਾ ਹੁਕਮ ਜਾਰੀ ਕੀਤਾ ਗਿਆ ਸੀ।

ਜਦੋਂਕਿ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਭਾਰਤ ਸਰਕਾਰ ਅਤੇ ਸੂਬਾ ਸਰਕਾਰ ਵਲੋਂ ਸਮੇਂ-ਸਮੇਂ ਤੇ ਜਾਰੀ ਹੋਈਆਂ ਹਦਾਇਤਾਂ ਦੇ ਸਨਮੁੱਖ ਜਿਲ੍ਹਾ ਪਠਾਨਕੋਟ ਅੰਦਰ ਦੁਕਾਨਾਂ ਦੇ ਖੁੱਲਣ ਸਬੰਧੀ ਇਸ ਦਫਤਰ ਵਲੋਂ ਆਪਣੇ ਹੁਕਮ ਨੰ: 2768, ਜੋ ਕਿ ਪਿੱਠ ਅੰਕਣ ਨੰ: ਐਮ.ਏ/ 2769-86, ਮਿਤੀ 05.05.2020 ਰਾਹੀਂ ਜਾਰੀ ਕੀਤੇ ਗਏ ਸਨ, ਦੇ ਪੈਰ੍ਹਾ ਨੰ: (2) ਵਿੱਚ ਜਿਥੇ ਦੁਕਾਨਾਂ ਦੇ ਖੁੱਲ੍ਹਣ ਦਾ ਸਮਾਂ ਸਵੇਰੇ 09:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਦਾ ਕੀਤਾ ਗਿਆ ਸੀ, ਉਹ ਸਬੰਧੀ ਹੁਣ ਪੰਜਾਬ ਸਰਕਾਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ ਵਲੋਂ ਪੱਤਰ ਨੰ: SS/ACSH/2020/361, ਮਿਤੀ 06.05.2020 ਰਾਹੀਂ ਜਾਰੀ ਹੋਈਆਂ ਹਦਾਇਤਾਂ ਦੇ ਸਨਮੁੱਖ ਜਿਲ੍ਹਾ ਪਠਾਨਕੋਟ ਅੰਦਰ ਦੁਕਾਨਾਂ ਦੇ ਖੁੱਲ੍ਹਣ ਦਾ ਸਮਾਂ ਹੇਠ ਅਨੁਸਾਰ ਨਿਸ਼ਚਿਤ ਕੀਤਾ ਜਾਂਦਾ ਹੈ:-

2) **ਦੁਕਾਨਾਂ ਖੁੱਲ੍ਹਣ ਦਾ ਸਮਾਂ ਸਵੇਰੇ 07:00 ਵਜੇ ਤੋਂ ਬਾਅਦ ਦੁਪਹਿਰ 03:00 ਵਜੇ ਤੱਕ ਦਾ ਹੋਵੇਗਾ।**

ਇਸ ਤੋਂ ਇਲਾਵਾਂ ਬੈਂਕਾਂ ਦੇ ਖੁੱਲ੍ਹਣ ਦਾ ਸਮਾਂ (For Public dealing) ਉਸੇ ਤਰ੍ਹਾਂ ਸਵੇਰੇ 09:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਦਾ ਹੋਵੇਗਾ। Non-public Dealing ਕੰਮਾਂ ਲਈ ਬੈਂਕ ਦੁਪਹਿਰ 01:00 ਵਜੇ ਤੋਂ ਸ਼ਾਮ 04:00 ਵਜੇ ਤੱਕ ਖੁਲ੍ਹੇ ਰਹਿਣਗੇ।

ਬਾਕੀ ਸਾਰੀਆਂ ਸ਼ਰਤਾਂ ਇਸ ਦਫਤਰ ਵਲੋਂ ਪਹਿਲਾਂ ਉਕਤ ਜਾਰੀ ਕੀਤੇ ਗਏ ਹੁਕਮ ਮਿਤੀ 05.05.2020 ਅਨੁਸਾਰ ਕਾਇਮ ਰਹਿਣਗੀਆਂ।

ਮਿਤੀ:07.05.2020

DISTRICT MAGISTRATE PATHANKOT. ਸਤਯਮੇਵ ਜਯਤੇ

**(ਗੁਰਪ੍ਰੀਤ ਸਿੰਘ ਖਹਿਰਾ), ਆਈ.ਏ.ਐਸ**
**ਜਿਲ੍ਹਾ ਮੈਜਿਸਟਰੇਟ, ਪਠਾਨਕੋਟ।**

ਪਿੱਠ ਅੰਕਣ ਨੰ: ਐਮ.ਏ/2817-34 ਮਿਤੀ: 07/05/2020

ਉਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ਜੀ:-

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3) ਕਮਿਸ਼ਨਰ, ਜਲੰਧਰ ਮੰਡਲ, ਜਲੰਧਰ।
4) ਕਮਿਸ਼ਨਰ, ਨਗਰ ਨਿਗਮ, ਪਠਾਨਕੋਟ।
5) ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
6) ਵਧੀਕ ਡਿਪਟੀ ਕਮਿਸ਼ਨਰ (ਜ), ਪਠਾਨਕੋਟ।

7) ਉਪ ਮੰਡਲ ਮੈਜਿਸਟਰੇਟ, ਪਠਾਨਕੋਟ/ਧਾਰਕਲਾਂ।
8) ਸਹਾਇਕ ਕਮਿਸ਼ਨਰ (ਜਨਰਲ/ਸ਼ਿਕਾਇਤਾਂ), ਪਠਾਨਕੋਟ।
9) ਸਿਵਲ ਸਰਜਨ, ਪਠਾਨਕੋਟ।
10) ਜਿਲ੍ਹਾ ਮਾਲ ਅਫਸਰ, ਪਠਾਨਕੋਟ।
11) ਤਹਿਸੀਲਦਾਰ, ਪਠਾਨਕੋਟ/ਧਾਰਕਲਾਂ।
12) ਜਿਲ੍ਹਾ ਲੋਕ ਸੰਪਰਕ ਅਫਸਰ, ਪਠਾਨਕੋਟ ਨੂੰ ਜਨਤਕ ਸੂਚਨਾ ਹਿੱਤ।
13) ਜਿਲ੍ਹਾ ਖੁਰਾਕ ਸਿਵਲ ਸਪਲਾਈਜ਼ ਕੰਟਰੋਲਰ, ਪਠਾਨਕੋਟ।
14) ਸਮੂਹ ਵਿਭਾਗਾਂ ਦੇ ਮੁਖੀ, ਜਿਲ੍ਹਾ ਪਠਾਨਕੋਟ।
15) ਨਿੱਜੀ ਸਹਾਇਕ ਟੂ ਡਿਪਟੀ ਕਮਿਸ਼ਨਰ ਨੂੰ ਰਿਕਾਰਡ ਹਿੱਤ।

(ਗੁਰਪ੍ਰੀਤ ਸਿੰਘ ਖਹਿਰਾ), ਆਈ.ਏ.ਐਸ
ਜਿਲ੍ਹਾ ਮੈਜਿਸਟਰੇਟ, ਪਠਾਨਕੋਟ।

DISTRICT MAGISTRATE ★ PATHANKOT ★ सत्यमेव जयते